**ਬਿਲਾਵਲੁ ਮਹਲਾ ੫ ॥ ਖੋਜਤ ਖੋਜਤ ਮੈ ਫਿਰਾ ਖੋਜਉ ਬਨ ਥਾਨ ॥ ਅਛਲ ਅਛੇਦ ਅਭੇਦ ਪ੍ਰਭ ਐਸੇ ਭਗਵਾਨ ॥੧॥ ਕਬ ਦੇਖਉ ਪ੍ਰਭੁ ਆਪਨਾ ਆਤਮ ਕੈ ਰੰਗਿ ॥ ਜਾਗਨ ਤੇ ਸੁਪਨਾ ਭਲਾ ਬਸੀਐ ਪ੍ਰਭ ਸੰਗਿ ॥੧॥ ਰਹਾਉ ॥ ਬਰਨ ਆਸ੍ਰਮ ਸਾਸਤ੍ਰ ਸੁਨਉ ਦਰਸਨ ਕੀ ਪਿਆਸ ॥ ਰੂਪੁ ਨ ਰੇਖ ਨ ਪੰਚ ਤਤ ਠਾਕੁਰ ਅਬਿਨਾਸ ॥੨॥ ਓਹੁ ਸਰੂਪੁ ਸੰਤਨ ਕਹਹਿ ਵਿਰਲੇ ਜੋਗੀਸੁਰ ॥ ਕਰਿ ਕਿਰਪਾ ਜਾ ਕਉ ਮਿਲੇ ਧਨਿ ਧਨਿ ਤੇ ਈਸੁਰ ॥੩॥ ਸੋ ਅੰਤਰਿ ਸੋ ਬਾਹਰੇ ਬਿਨਸੇ ਤਹ ਭਰਮਾ ॥ ਨਾਨਕ ਤਿਸੁ ਪ੍ਰਭੁ ਭੇਟਿਆ ਜਾ ਕੇ ਪੂਰਨ ਕਰਮਾ ॥੪॥੩੧॥੬੧॥** {ਪੰਨਾ 816}

ਪਦਅਰਥ:- ਫਿਰਾ—ਫਿਰਾਂ, ਮੈਂ ਫਿਰਦਾ ਹਾਂ। ਖੋਜਉ—ਖੋਜਉਂ, ਮੈਂ ਖੋਜਦਾ ਹਾਂ। ਥਾਨ—(ਅਨੇਕਾਂ) ਥਾਂ। ਅਛੇਦ—ਅ-ਛੇਦ, ਜਿਸ ਦਾ ਨਾਸ ਨਾਹ ਹੋ ਸਕੇ। ਅਭੇਦ—ਅ-ਭੇਦ, ਜਿਸ ਦਾ ਭੇਦ ਨਾਹ ਪੈ ਸਕੇ।1।

ਕਬ—ਕਦੋਂ? ਦੇਖਉ—ਦੇਖਉਂ, ਮੈਂ ਵੇਖਾਂ। ਕੈ ਰੰਗਿ—ਦੇ ਰੰਗ ਵਿਚ। ਬਸੀਐ—ਜੇ ਵੱਸ ਸਕੀਏ।1। ਰਹਾਉ।

ਬਰਨ—ਚਾਰ ਵਰਨ (ਬ੍ਰਾਹਮਣ, ਖੱਤਰੀ, ਵੈਸ਼, ਸ਼ੂਦਰ)। ਆਸ੍ਰਮ—ਚਾਰ ਆਸ੍ਰਮ (ਬ੍ਰਹਮਚਰਜ, ਗ੍ਰਿਹਸਤ, ਵਾਨਪ੍ਰਸਥ, ਸੰਨਿਆਸ)। ਸੁਨਉ—ਸੁਨਉਂ, ਮੈਂ ਸੁਣਦਾ ਹਾਂ।2।

ਕਹਹਿ—ਦੱਸਦੇ ਹਨ। ਜੋਗੀਸੁਰ—{ਜੋਗੀ-ਈਸੁਰ} ਜੋਗੀਰਾਜ। ਕਰਿ—ਕਰ ਕੇ। ਜਾ ਕਉ—ਜਿਸ ਨੂੰ। ਤੇ—ਉਹ {ਬਹੁ-ਵਚਨ}। ਈਸੁਰ—ਵੱਡੇ ਮਨੁੱਖ।3।

ਅੰਤਰਿ—(ਹਰੇਕ ਜੀਵ ਦੇ) ਅੰਦਰ। ਬਾਹਰੇ—ਬਾਹਰਿ, ਸਭ ਤੋਂ ਵੱਖਰਾ। ਤਹ—ਉਥੇ, ਉਸ ਵਿਚ (ਟਿਕਿਆਂ)। ਭੇਟਿਆ—ਮਿਲਿਆ। ਤਿਸੁ—ਉਸ (ਮਨੁੱਖ) ਨੂੰ। ਕਰਮਾ—ਭਾਗ।4।

ਅਰਥ:- (ਹੇ ਭਾਈ! ਮੈਨੂੰ ਹਰ ਵੇਲੇ ਇਹ ਤਾਂਘ ਰਹਿੰਦੀ ਹੈ ਕਿ) ਆਪਣੀ ਜਿੰਦ ਦੇ ਚਾਉ ਨਾਲ ਕਦੋਂ ਮੈਂ ਆਪਣੇ (ਪਿਆਰੇ) ਪ੍ਰਭੂ ਨੂੰ ਵੇਖ ਸਕਾਂਗਾ। (ਜੇ ਰਾਤ ਨੂੰ ਸੁੱਤੇ ਪਿਆਂ ਸੁਪਨੇ ਵਿਚ ਹੀ) ਪ੍ਰਭੂ ਦੇ ਨਾਲ ਵੱਸ ਸਕੀਏ, ਤਾਂ ਇਸ ਜਾਗਦੇ ਰਹਿਣ ਨਾਲੋਂ (ਸੁੱਤੇ ਪਿਆਂ ਉਹ) ਸੁਪਨਾ ਚੰਗਾ ਹੈ।1। ਰਹਾਉ।

(ਹੇ ਭਾਈ! ਪ੍ਰਭੂ ਨੂੰ) ਲੱਭਦਾ ਲੱਭਦਾ ਮੈਂ (ਹਰ ਪਾਸੇ) ਫਿਰਦਾ ਰਹਿੰਦਾ ਹਾਂ, ਮੈਂ ਕਈ ਜੰਗਲ ਅਨੇਕਾਂ ਥਾਂ ਖੋਜਦਾ ਫਿਰਦਾ ਹਾਂ (ਪਰ ਮੈਨੂੰ ਪ੍ਰਭੂ ਕਿਤੇ ਭੀ ਨਹੀਂ ਲੱਭਦਾ। ਮੈਂ ਸੁਣਿਆ ਹੈ ਕਿ ਉਹ) ਭਗਵਾਨ ਪ੍ਰਭੂ ਜੀ ਇਹੋ ਜਿਹੇ ਹਨ ਕਿ ਉਸ ਨੂੰ ਮਾਇਆ ਛਲ ਨਹੀਂ ਸਕਦੀ, ਉਹ ਨਾਸ-ਰਹਿਤ ਹੈ, ਅਤੇ ਉਸ ਦਾ ਭੇਦ ਨਹੀਂ ਪਾਇਆ ਜਾ ਸਕਦਾ।1।

(ਹੇ ਭਾਈ! ਪ੍ਰਭੂ ਦਾ ਦਰਸਨ ਕਰਨ ਵਾਸਤੇ) ਮੈਂ ਚਹੁੰਆਂ ਵਰਨਾਂ ਅਤੇ ਚਹੁੰਆਂ ਆਸ਼੍ਰਮਾਂ ਦੇ ਕਰਮ ਕਰਦਾ ਹਾਂ, ਸ਼ਾਸਤ੍ਰਾਂ (ਦੇ ਉਪਦੇਸ਼ ਭੀ) ਸੁਣਦਾ ਹਾਂ (ਪਰ ਦਰਸਨ ਨਹੀਂ ਹੁੰਦਾ) ਦਰਸਨ ਦੀ ਲਾਲਸਾ ਬਣੀ ਹੀ ਰਹਿੰਦੀ ਹੈ। (ਹੇ ਭਾਈ!) ਉਸ ਅਬਿਨਾਸੀ ਠਾਕੁਰ-ਪ੍ਰਭੂ ਦਾ ਨਾਹ ਕੋਈ ਰੂਪ ਚਿਹਨ-ਚੱਕ੍ਰ ਹੈ ਅਤੇ ਨਾਹ ਹੀ ਉਹ (ਜੀਵਾਂ ਵਾਂਗ) ਪੰਜ ਤੱਤਾਂ ਤੋਂ ਬਣਿਆ ਹੈ।2।

(ਹੇ ਭਾਈ!) ਕਿਰਪਾ ਕਰ ਕੇ ਪ੍ਰਭੂ ਆਪ ਹੀ ਜਿਨ੍ਹਾਂ ਨੂੰ ਮਿਲਦਾ ਹੈ, ਉਹ ਵੱਡੇ ਜੋਗੀ ਹਨ ਉਹ ਵੱਡੇ ਭਾਗਾਂ ਵਾਲੇ ਹਨ। ਉਹ ਵਿਰਲੇ ਜੋਗੀਰਾਜ ਹੀ ਉਹ ਸੰਤ ਜਨ ਹੀ (ਉਸ ਪ੍ਰਭੂ ਦਾ) ਉਹ ਸਰੂਪ ਬਿਆਨ ਕਰਦੇ ਹਨ (ਕਿ ਉਸ ਦਾ ਕੋਈ ਰੂਪ ਰੇਖ ਨਹੀਂ ਹੈ)।3।

(ਹੇ ਭਾਈ! ਵਿਰਲੇ ਸੰਤ ਜਨ ਹੀ ਦਿੱਸਦੇ ਹਨ ਕਿ) ਉਹ ਪ੍ਰਭੂ ਸਭ ਜੀਵਾਂ ਦੇ ਅੰਦਰ ਵੱਸਦਾ ਹੈ, ਅਤੇ ਉਹ ਸਭਨਾਂ ਤੋਂ ਵੱਖਰਾ ਭੀ ਹੈ, ਉਸ ਪ੍ਰਭੂ ਦੇ ਚਰਨਾਂ ਵਿਚ ਜੁੜਿਆਂ ਸਾਰੇ ਭਰਮ-ਵਹਿਮ ਨਾਸ ਹੋ ਜਾਂਦੇ ਹਨ। ਹੇ ਨਾਨਕ! ਜਿਸ ਮਨੁੱਖ ਦੇ ਪੂਰਨ ਭਾਗ ਜਾਗ ਪੈਂਦੇ ਹਨ ਉਸ ਨੂੰ ਉਹ ਪ੍ਰਭੂ (ਆਪ ਹੀ) ਮਿਲ ਪੈਂਦਾ ਹੈ।4। 31। 61।